# ਨਿਯੂਮੋਕੋਕਲ ਕੌਨਜੁਗੇਟ (ਪੀਸੀਵੀ 13) ਵੈਕਸੀਨ
## Pneumococcal Conjugate (PCV 13) Vaccine

**ਆਪਣੇ ਬੱਚੇ ਨੂੰ ਸੁਰੱਖਿਅਤ ਰੱਖੋ।**
**ਸਾਰੇ ਵੈਕਸੀਨ ਸਮੇਂ ਸਿਰ ਦਿਵਾਓ**

ਸਮੇਂ ਸਿਰ ਸਾਰੀਆਂ ਵੈਕਸੀਨਾਂ ਲਗਵਾ ਕੇ ਤੁਹਾਡੇ ਬੱਚੇ ਦਾ ਜ਼ਿੰਦਗੀ-ਭਰ ਲਈ ਕਈ ਬਿਮਾਰੀਆਂ ਤੋਂ ਬਚਾਅ ਹੋ ਜਾਂਦਾ ਹੈ।

ਟੀਕਾਕਰਣ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਸਿਹਤ ਸੰਬੰਧੀ ਕਿਸੇ ਵੀ ਹੋਰ ਜਤਨ ਨਾਲੋਂ ਜਿਆਦਾ ਜਾਨਾਂ ਬਚਾਈਆਂ ਹਨ।

### ਪੀਸੀਵੀ 13 ਵੈਕਸੀਨ ਕੀ ਹੈ?

ਪੀਸੀਵੀ 13 ਵੈਕਸੀਨ ਨਿਯੂਮੋਕੋਕਲ ਬੈਕਟੀਰੀਆ ਦੀਆਂ 13 ਕਿਸਮਾਂ ਦੇ ਵਿਰੁੱਧ ਰੱਖਿਆ ਕਰਦੀ ਹੈ।ਇਹ ਵੈਕਸੀਨ ਹੈਲਥ ਕੈਨੇਡਾ ਦੁਆਰਾ ਮਾਨਤਾ ਪ੍ਰਾਪਤ ਹੈ।

ਪੀ ਸੀ ਵੀ 13 ਵੈਕਸੀਨ ਤੁਹਾਡੇ ਬੱਚੇ ਦੇ ਨੇਮਕ ਟੀਕਾਕਰਣ ਦੇ ਹਿੱਸੇ ਵਜੋਂ ਮੁਫਤ ਦਿੱਤੀ ਜਾਂਦੀ ਹੈ। ਮਿਲਣ ਦਾ ਸਮਾਂ ਤਹਿ ਕਰਨ ਲਈ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨੂੰ ਫੋਨ ਕਰੋ।

### ਪੀਸੀਵੀ 13 ਵੈਕਸੀਨ ਕਿਸ ਨੂੰ ਲੈਣੀ ਚਾਹੀਦੀ ਹੈ?

ਪੀਸੀਵੀ 13 ਵੈਕਸੀਨ 3 ਖੁਰਾਕਾਂ ਦੀ ਲੜੀ ਦੀ ਤਰ੍ਹਾਂ ਦਿੱਤੀ ਜਾਂਦੀ ਹੈ। ਬੱਚਿਆਂ ਨੂੰ ਪਹਿਲੀ ਖੁਰਾਕ 2 ਮਹੀਨੇ ਦੀ ਉਮਰ ਤੇ ਦਿੱਤੀ ਜਾਂਦੀ ਹੈ, ਦੂਸਰੀ ਖੁਰਾਕ 4 ਮਹੀਨੇ ਤੇ, ਅਤੇ ਤੀਸਰੀ 12 ਮਹੀਨੇ ਤੇ। ਇਹ ਵੈਕਸੀਨ ਬਚਪਨ ਵਿੱਚ ਦਿੱਤੇ ਜਾਣ ਵਾਲੇ ਦੂਸਰੇ ਟੀਕਿਆਂ ਦੇ ਨਾਲ ਦਿੱਤੀ ਜਾਂਦੀ ਹੈ।

| ਪੀਸੀਵੀ 13 ਵੈਕਸੀਨ | ਟੀਕਾਕਰਣ ਸਮੇਂ ਬੱਚੇ ਦੀ ਉਮਰ |
|---|---|
| ਪਹਿਲੀ ਖੁਰਾਕ | 2 ਮਹੀਨੇ |
| ਦੂਸਰੀ ਖੁਰਾਕ | 4 ਮਹੀਨੇ |
| ਤੀਸਰੀ ਖੁਰਾਕ | 12 ਮਹੀਨੇ |

6 ਮਹੀਨੇ ਦੀ ਉਮਰ ਤੇ ਅਜਿਹੇ ਬੱਚਿਆਂ ਲਈ ਵੈਕਸੀਨ ਦੀ ਇੱਕ ਵਾਧੂ ਖੁਰਾਕ ਦਿੱਤੀ ਜਾਂਦੀ ਹੈ ਜਿੰਨਾਂ ਨੂੰ ਇਹ ਹੁੰਦੇ ਹਨ:

- ਤਿਲੀ ਨਾ ਹੋਣਾ, ਜਾਂ ਅਜਿਹੀ ਤਿਲੀ ਜੋ ਠੀਕ ਤਰ੍ਹਾਂ ਕੰਮ ਨਹੀਂ ਕਰ ਰਹੀ
- ਸਿਕਲ - ਸੈਲ ਬੀਮਾਰੀ
- ਸਰੀਰ ਨੂੰ ਬੀਮਾਰੀ ਤੋਂ ਸੁਰੱਖਿਅਤ ਰੱਖਣ ਵਾਲਾ ਸਿਸਟਮ ਜੋ ਬੀਮਾਰੀ ਜਾਂ ਮੈਡੀਕਲ ਇਲਾਜ ਕਰਕੇ ਕਮਜ਼ੋਰ ਹੋ ਗਿਆ ਹੈ
- ਸਿਰੋਸਿਸ ਸਮੇਤ ਜਿਗਰ ਦੀ ਚਿਰਕਾਲੀ ਬੀਮਾਰੀ, ਚਿਰਕਾਲੀ ਹੈਪੀਟਾਈਟਸ ਬੀ ਜਾਂ ਹੈਪੀਟਾਈਟਸ ਸੀ
- ਗੁਰਦੇ, ਦਿਲ ਜਾਂ ਫੇਫੜਿਆਂ ਦੀ ਚਿਰਕਾਲੀ ਬੀਮਾਰੀ
- ਇਸਲੈਟ ਸੈਲ ਜਾਂ ਠੋਸ ਇੰਦਰੀ ਟਰਾਂਸਪਲਾਂਟ, ਜਾਂ ਕੋਕਲੀਅਰ (ਇੰਨਰ ਈਅਰ) ਇੰਮਪਲਾਂਟ, ਜਾਂ ਉਸ ਲਈ ਇੰਤਜ਼ਾਰ ਕਰ ਰਹੇ ਹਨ
- ਸਟੈਮ ਸੈਲ ਟਰਾਂਸਪਲਾਂਟ ਹੋ ਗਿਆ ਹੈ
- ਉਹ ਚਿਰਕਾਲੀ ਅਵਸਥਾ ਜੋ ਮੂੰਹ ਜਾਂ ਗਲੇ ਤੋਂ ਤਰਲ ਪਦਾਰਥਾਂ ਨੂੰ ਸਾਫ ਕਰਨ ਨੂੰ ਮੁਸ਼ਕਲ ਬਣਾਉਂਦੀ ਹੈ
- ਡਾਇਬਿਟੀਜ਼, ਸਿਸਟਿਕ ਫਾਈਬਰੋਸਿਸ ਜਾਂ ਚਿਰਕਾਲੀ ਸੀਰੀਬਰੋਸਪਾਈਨਲ ਫਲੂਇਡ ਲੀਕ

2 ਸਾਲ ਦੀ ਉਮਰ ਤੇ, ਉਪਰ ਦਿੱਤੀਆਂ ਅਵਸਥਾਵਾਂ ਵਿੱਚੋਂ ਕਿਸੇ ਵੀ ਅਵਸਥਾ ਵਾਲੇ ਬੱਚੇ ਨੂੰ ਨਿਯੂਮੋਕੋਕਲ ਪੌਲੀਸੈਕਰਾਇਡ ਵੈਕਸੀਨ ਜੋ ਨਿਯੂਮੋਕੋਕਲ ਬੈਕਟੀਰੀਆ ਦੀਆਂ ਹੋਰ ਕਿਸਮਾਂ ਦੇ ਵਿਰੁੱਧ ਰੱਖਿਆ ਕਰਦਾ ਹੈ ਦੀ ਇੱਕ ਖੁਰਾਕ ਵੀ ਮਿਲਣੀ ਚਾਹੀਦੀ ਹੈ। ਹੋਰ ਜਾਣਕਾਰੀ ਲਈ, HealthLinkBC File #62b ਨਿਯੂਮੋਕੋਕਲ ਪੌਲੀਸੈਕਰਾਇਡ ਵੈਕਸੀਨ ਦੇਖੋ।

ਕੁਝ ਖਾਸ ਮੈਡੀਕਲ ਅਵਸਥਾਵਾਂ ਵਾਲੇ 5 ਸਾਲ ਜਾਂ ਉਸ ਤੋਂ ਵੱਧ ਉਮਰ ਦੇ ਕੁਝ ਲੋਕਾਂ ਨੂੰ ਨਿਯੂਮੋਕੋਕਲ ਬੀਮਾਰੀ ਦਾ ਜਿਆਦਾ ਖਤਰਾ ਹੈ।ਪੀਸੀਵੀ 13 ਵੈਕਸੀਨ ਇੰਨਾਂ ਨੂੰ ਮੁਫਤ ਦਿੱਤੀ ਜਾਂਦੀ ਹੈ:

- ਤਿਲੀ ਤੋਂ ਬਿਨਾਂ ਜਾਂ ਅਜਿਹੀ ਤਿਲੀ ਜੋ ਠੀਕ ਤਰ੍ਹਾਂ ਕੰਮ ਨਹੀਂ ਕਰ ਰਹੀ ਵਾਲੇ 5 ਤੋਂ 18 ਸਾਲਾਂ ਦੇ ਬੱਚੇ
- ਬਾਲਗ ਜਾਂ 5 ਸਾਲ ਜਾਂ ਉਸ ਤੋਂ ਵੱਧ ਉਮਰ ਦੇ ਬੱਚੇ ਜਿੰਨਾਂ ਨੂੰ ਐਚ ਆਈ ਵੀ (HIV) ਵਿਗਾੜ ਹੈ ਜਾਂ ਜਿੰਨਾਂ ਦਾ ਸਟੈਮ ਸੈਲ ਟਰਾਂਸਪਲਾਂਟ ਹੋ ਗਿਆ ਹੈ।

ਇੰਨਾ ਵਿਅਕਤੀਆਂ ਨੂੰ ਪੀਸੀਵੀ 13 (PCV13) ਦੀ ਉਨ੍ਹਾਂ ਦੀ ਆਖਰੀ ਖੁਰਾਕ ਤੋਂ ਬਾਅਦ ਨਿਯੂਮੋਕੋਕਲ ਪੌਲੀਸੈਕਰਾਇਡ ਵੈਕਸੀਨ (pneumococcal polysaccharide vaccine) ਦੀ ਇੱਕ ਖੁਰਾਕ ਵੀ ਮਿਲਣੀ ਚਾਹੀਦੀ ਹੈ। ਤੁਹਾਡੇ ਦੁਆਰਾ ਲੁੜੀਂਦੀਆਂ ਵੈਕਸੀਨ ਦੀਆਂ ਖੁਰਾਕਾਂ ਅਤੇ ਤੁਹਾਨੂੰ ਇਹ ਕਦੋਂ ਲੈਣੀਆਂ ਚਾਹੀਦੀਆਂ ਬਾਰੇ ਜਾਣਕਾਰੀ ਲਈ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨਾਲ ਗੱਲ ਕਰੋ।

ਬੀਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

### ਪੀਸੀਵੀ 13 ਵੈਕਸੀਨ ਦੇ ਕੀ ਲਾਭ ਹਨ?

ਪੀਸੀਵੀ 13 ਵੈਕਸੀਨ ਨਿਯੂਮੋਕੋਕਲ ਬੀਮਾਰੀ, ਜੋ ਕਿ ਇੱਕ ਗੰਭੀਰ ਅਤੇ ਕਈ ਵਾਰੀ ਜਾਨਲੇਵਾ ਬੀਮਾਰੀ ਹੋ ਸਕਦੀ ਹੈ, ਦੇ ਵਿਰੁੱਧ ਰੱਖਿਆ ਕਰਨ ਦਾ ਸਭ ਤੋਂ

ਚੰਗਾ ਢੰਗ ਹੈ। ਜਦੋਂ ਤੁਸੀਂ ਆਪਣਾ ਟੀਕਾਕਰਣ ਕਰਵਾਉਂਦੇ ਹੋ ਤਾਂ, ਤੁਸੀਂ ਦੂਜਿਆਂ ਦੀ ਰੱਖਿਆ ਕਰਨ ਵਿੱਚ ਵੀ ਮਦਦ ਕਰਦੇ ਹੋ।

## ਪੀਸੀਵੀ 13 ਵੈਕਸੀਨ ਦੇ ਬਾਦ ਦੀਆਂ ਸੰਭਾਵੀ ਪ੍ਰਤੀਕ੍ਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹੁੰਦੀਆਂ ਹਨ। ਵੈਕਸੀਨ ਲਗਵਾਉਣਾ ਬਿਮਾਰੀ ਦਾ ਸ਼ਿਕਾਰ ਹੋਣ ਤੋਂ ਜਿਆਦਾ ਸੁਰੱਖਿਅਤ ਹੈ।

ਵੈਕਸੀਨਾਂ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਥਾਂ ਤੇ ਜਲਨ, ਲਾਲੀ, ਅਤੇ ਸੋਜ ਸ਼ਾਮਲ ਹੋ ਸਕਦੇ ਹਨ। ਵੈਕਸੀਨ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਥਾਂ ਤੇ ਜਲਨ, ਲਾਲੀ, ਅਤੇ ਸੋਜ ਸ਼ਾਮਲ ਹੋ ਸਕਦੇ ਹਨ। ਕੁਝ ਨੂੰ ਬੁਖਾਰ, ਨੀਂਦ ਆਉਣਾ, ਚਿੜਚਿੜਾਪਨ, ਭੁੱਖ ਨਾ ਲੱਗਣਾ ਸਿਰਦਰਦ, ਮਾਸਪੇਸ਼ੀਆਂ ਜਾਂ ਜੋੜਾਂ ਵਿੱਚ ਦਰਦ, ਉਲਟੀਆਂ, ਦਸਤ ਜਾਂ ਰੈਸ਼ ਵੀ ਹੋ ਸਕਦੇ ਹਨ। ਇਹ ਪ੍ਰਤੀਕ੍ਰਿਆਵਾਂ ਹਲਕੀਆਂ ਹੁੰਦੀਆਂ ਹਨ ਅਤੇ ਆਮਤੌਰ ਤੇ 1 ਤੋਂ 2 ਦਿਨ ਤੱਕ ਰਹਿੰਦੀਆਂ ਹਨ।

> ਅਸੀਟਾਮੇਨੋਫੇਨ (Acetaminophen) (ਉਦਾਹਰਣ ਲਈ ਟਾਇਲੇਨੌਲ (Tylenol®)) ਜਾਂ ਆਈਬਿਊਪ੍ਰੋਫੇਨ (ibuprofen*) (ਉਦਹਾਰਣ ਲਈ ਐਡਵਿਲ (Advil®)) ਬੁਖਾਰ ਜਾਂ ਜਲਨ ਲਈ ਦਿੱਤੀ ਜਾ ਸਕਦੀ ਹੈ। ਏਐਸਏ (ASA) (ਉਦਹਾਰਣ ਲਈ ਐਸਪਰੀਨ (Aspirin®)) ਰੇ ਸਿੰਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

* 6 ਮਹੀਨਿਆਂ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਪਹਿਲਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਦੇ ਨਾਲ ਗੱਲ ਕੀਤੇ ਬਿਨਾਂ ਆਈਬਿਊਪ੍ਰੋਫੇਨ ਨਹੀਂ ਦਿੱਤੀ ਜਾਣੀ ਚਾਹੀਦੀ।

ਰਾਈ ਸਿੰਡਰੋਮ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਹੈਲਥਲਿੰਕ ਬੀ.ਸੀ. ਫ਼ਾਈਲ HealthLinkBC File #84 ਰੇਏ ਸਿੰਡਰੋਮ ਦੇਖੋ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜਰੂਰੀ ਹੈ ਕਿਉਂਕਿ ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ, ਇੱਕ ਮਿਲਿਅਨ ਵਿੱਚੋਂ 1 ਤੋਂ ਵੀ ਘੱਟ, ਸੰਭਾਵਨਾ ਹੋ ਸਕਦੀ ਹੈ। ਇਸ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ। ਜੇ ਅਜਿਹੀ ਪ੍ਰਤੀਕਿਰਿਆ ਹੁੰਦੀ ਹੈ ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਇਸ ਦਾ ਇਲਾਜ ਕਰਨ ਲਈ ਤਿਆਰ ਹੈ। ਐਮਰਜੈਂਸੀ ਇਲਾਜ ਵਿੱਚ ਸ਼ਾਮਲ ਹੈ ਐਪੀਨੈਫਰਿੰਨ (ਐਡਰੇਨੇਲਿੰਨ) ਦੇਣਾ ਅਤੇ ਐਂਬੁਲੈਂਸ ਰਾਹੀਂ ਸਭ ਤੋਂ ਨਜ਼ਦੀਕੀ ਐਮਰਜੈਂਸੀ ਵਿਭਾਗ ਤੱਕ ਟਰਾਂਸਫਰ। ਜੇ ਅਜਿਹੇ ਲੱਛਣ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਦ ਵਿਕਸਤ ਹੁੰਦੇ ਹਨ, ਤਾਂ **9-1-1** ਜਾਂ ਸਥਾਨਕ ਐਮਰਜੈਂਸੀ ਨੰਬਰ ਉੱਤੇ ਫੋਨ ਕਰੋ।

ਸਾਰੀਆਂ ਗੰਭੀਰ ਜਾਂ ਅਣਿਆਈ ਪ੍ਰਤੀਕ੍ਰਿਆਵਾਂ ਬਾਰੇ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨੂੰ ਹਮੇਸ਼ਾ ਦਸਣਾ ਮਹੱਤਵਪੂਰਨ ਹੈ।

## ਪੀਸੀਵੀ 13 ਵੈਕਸੀਨ ਕਿਸ ਨੂੰ ਨਹੀਂ ਲੈਣੀ ਚਾਹੀਦੀ ਹੈ?

ਜੇ ਤੁਹਾਨੂੰ ਜਾਂ ਤੁਹਾਡੇ ਬੱਚੇ ਨੂੰ ਪਹਿਲਾਂ ਲਈ ਗਈ ਨਿਯੂਮੋਕੋਕਲ ਵੈਕਸੀਨ ਦੀ ਖੁਰਾਕ ਜਾਂ ਉਸਦੇ ਕਿਸੇ ਵੀ ਅੰਸ਼ ਪ੍ਰਤੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਹੋਈ ਹੈ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਦੇ ਨਾਲ ਗੱਲ ਕਰੋ।

ਜ਼ੁਕਾਮ ਜਾਂ ਕਿਸੇ ਹੋਰ ਹਲਕੀ ਬਿਮਾਰੀ ਕਰਕੇ ਬਿਮਾਰੀਆਂ ਤੋਂ ਬਚਾਉਣ ਵਾਲੇ ਟੀਕੇ ਲਗਵਾਉਣ ਨੂੰ ਟਾਲਣ ਦੀ ਲੋੜ ਨਹੀਂ ਹੈ। ਪਰ, ਜੇ ਤੁਹਾਡੀਆਂ ਕੁਝ ਚਿੰਤਾਵਾਂ ਹਨ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

## ਨਿਯੂਮੋਕੋਕਲ ਵਿਗਾੜ ਕੀ ਹੈ?

ਨਿਯੂਮੋਕੋਕਲ ਵਿਗਾੜ ਦਾ ਕਾਰਨ *ਸਟਰੈਪਟੋਕੋਕਸ ਨਿਮੋਨਿਆਏ* (*Streptococcus pneumoniae*) ਬੈਕਟੀਰੀਆ ਹੈ। ਇਹ ਬੈਕਟੀਰੀਆ, ਮੈਨਿੰਨਜਾਈਟਸ ਜੋ ਕਿ ਦਿਮਾਗ ਨੂੰ ਢੱਕਣ ਵਾਲੀ ਪਰਤ ਦਾ ਵਿਗਾੜ, ਸੈਪਟੀਸੀਮੀਆ- ਜੋ ਖੂਨ ਦਾ ਵਿਗਾੜ ਅਤੇ ਨਿਮੋਨੀਆ - ਜੋ ਫੇਫੜਿਆਂ ਦਾ ਵਿਗਾੜ ਹੈ, ਵਰਗੀਆਂ ਗੰਭੀਰ ਅਤੇ ਜਾਨ ਨੂੰ ਖਤਰੇ ਵਿੱਚ ਪਾਉਣ ਵਾਲੀਆਂ ਬੀਮਾਰੀਆਂ ਦਾ ਕਾਰਨ ਬਣ ਸਕਦਾ ਹੈ। ਮੈਨਿੰਨਜਾਈਟਸ ਦੀਆਂ ਸਥਾਈ ਜਟਿਲਤਾਵਾਂ ਵਿੱਚ ਦਿਮਾਗੀ ਨੁਕਸਾਨ ਅਤੇ ਬਹਿਰਾਪਨ ਸ਼ਾਮਲ ਹਨ। ਨਿਯੂਮੋਕੋਕਲ ਮੈਨਿੰਨਜਾਈਟਸ ਨਾਲ ਬਿਮਾਰ ਹੋਣ ਵਾਲੇ ਹਰੇਕ 4 ਲੋਕਾਂ ਵਿੱਚੋਂ 1 ਦੀ ਮੌਤ ਹੋ ਸਕਦੀ ਹੈ।

ਨਿਯੂਮੋਕੋਕਲ ਵਿਗਾੜ ਖੰਘਣ, ਛਿੱਕਣ ਜਾਂ ਨਿਕਟੀ ਆਮ੍ਹੋ ਸਾਮ੍ਹਣੇ ਦੇ ਸੰਪਰਕ ਨਾਲ ਇੱਕ ਵਿਅਕਤੀ ਤੋਂ ਦੂਜੇ ਤੱਕ ਫੈਲਦਾ ਹੈ। ਨਿਯੂਮੋਕੋਕਲ ਵਿਗਾੜ ਖੰਘਣ, ਛਿੱਕਣ ਜਾਂ ਨਿਕਟੀ ਆਮ੍ਹੋ ਸਾਮ੍ਹਣੇ ਦੇ ਸੰਪਰਕ ਨਾਲ ਇੱਕ ਵਿਅਕਤੀ ਤੋਂ ਦੂਜੇ ਤੱਕ ਫੈਲਦਾ ਹੈ। ਇਹ ਲੋਕਾਂ ਦੇ ਖਾਣਾ ਜਾਂ ਪੇਯ ਇੱਕ ਦੂਜੇ ਨਾਲ ਸਾਂਝੇ ਕਰਨ ਕਰਕੇ ਥੁੱਕ ਰਾਹੀਂ ਵੀ ਫੈਲ ਸਕਦਾ ਹੈ। ਸ਼ਿਸ਼ੂ ਅਤੇ ਬੱਚੇ ਦੂਸਰੇ ਬੱਚਿਆਂ ਦੁਆਰਾ ਵਰਤੇ ਗਏ ਸੂਦਰਜ਼, ਬੋਤਲਾਂ ਜਾਂ ਖਿਲੌਣੇ ਸਾਂਝੇ ਕਰਨ ਰਾਹੀਂ ਬੀਮਾਰ ਹੋ ਸਕਦੇ ਹਨ।

ਨਿਯੂਮੋਕੋਕਲ ਵਿਗਾੜ ਬਚਪਨ ਦੇ ਨੇਮਕ ਟੀਕਾਕਰਣ ਕਰਕੇ ਹੁਣ ਬੀ ਸੀ ਵਿੱਚ ਬੱਚਿਆਂ ਵਿਚਕਾਰ ਵਿਰਲਾ ਹੈ।

## ਸਿਆਣੇ ਨਾਬਾਲਗਾਂ ਦੀ ਸਹਿਮਤੀ

ਸਿਫ਼ਾਰਸ਼ ਕੀਤੀ ਜਾਂਦੀ ਹੈ ਕਿ ਮਾਪੇ ਜਾਂ ਸਰਪ੍ਰਸਤ ਅਤੇ ਉਨ੍ਹਾਂ ਦੇ ਬੱਚੇ ਟੀਕਾਕਰਣ (ਇਮਿਊਨਾਈਜ਼ੇਸ਼ਨ) ਲਈ ਸਹਿਮਤੀ ਬਾਰੇ ਚਰਚਾ ਕਰਨ। 19 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਜਿਹੜੇ ਹਰ ਵੈਕਸੀਨ ਦੇ ਲਾਭ ਅਤੇ ਸੰਭਵ ਪ੍ਰਤੀਕਿਰਿਆਵਾਂ ਅਤੇ ਇਮਿਊਨਾਈਜ਼ੇਸ਼ਨ ਨਾ ਕਰਵਾਉਣ ਦੇ ਜੋਖਮ ਸਮਝਣ ਦੇ ਕਾਬਲ ਹੋਣ, ਕਾਨੂੰਨੀ ਤੌਰ ਤੇ ਇਮਿਊਨਾਈਜ਼ੇਸ਼ਨ ਲਈ ਸਹਿਮਤ ਹੋ ਸਕਦੇ ਜਾਂ ਇਨਕਾਰ ਕਰ ਸਕਦੇ ਹਨ। ਸਿਆਣੇ ਨਾਬਾਲਗਾਂ ਦੀ ਸਹਿਮਤੀ ਬਾਰੇ ਹੋਰ ਜਾਣਕਾਰੀ ਵਾਸਤੇ HealthLinkBC File #119 ਦ ਇੰਨਫੈਂਟਸ ਐਕਟ, ਸਿਆਣੇ ਨਾਬਾਲਗਾਂ ਦੀ ਸਹਿਮਤੀ ਅਤੇ ਇਮਿਊਨਾਈਜ਼ੇਸ਼ਨ ਦੇਖੋ।

### ਹੋਰ ਜਾਣਕਾਰੀ ਲਈ

ਇਮਿਊਨਾਈਜ਼ੇਸ਼ਨ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਇਮਿਊਨਾਈਜ਼ ਬੀ.ਸੀ. ਦੀ ਇਹ ਵੈੱਬਸਾਈਟ https://immunizebc.ca/. ਦੇਖੋ।

BRITISH COLUMBIA ImmunizeBC

BC Centre for Disease Control
An agency of the Provincial Health Services Authority